**ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**

**ਪੰਜਵੀਂ ਮੰਜਿਲ, ਈ-ਬਲਾਕ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼-8, ਐਸ.ਏ.ਐਸ.ਨਗਰ**

**(ਵਜੀਫਾ ਸ਼ਾਖਾ)**

ਪਿੱਠ ਅੰਕਣ ਨੰ. E-369286/2025 312216 ਮਿਤੀ- 27-10-2025

ਡਾਇਰੈਕਟੋਰੇਟ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਵੱਲੋਂ ਪ੍ਰਾਪਤ ਪੱਤਰ ਦਾ ਉਤਾਰਾ ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ PM YASASVI Top Class Education in School for OBC, EBC and DNTs ਸਕੀਮ ਅਧੀਨ 9ਵੀਂ ਤੋਂ 12 ਵੀਂ ਜਮਾਤ ਤੱਕ ਦੇ ਯੋਗ ਵਿਦਿਆਰਥੀਆਂ ਤੋਂ ਨੈਸ਼ਨਲ ਸਕਾਲਰਸਿਪ ਪੋਰਟਲ ਤੇ ਆਨ-ਲਾਈਨ ਦਰਖਾਸਤਾਂ ਪ੍ਰਾਪਤ ਕਰਨ ਲਈ ਮਿਤੀਆਂ ਵਿੱਚ ਵਾਧਾ ਕੀਤਾ ਗਿਆ ਹੈ। ਹੁਣ ਤੱਕ ਕੇਵਲ 03 ਵਿਦਿਆਰਥੀ ਹੀ ਇਸ ਸਕੀਮ ਅਧੀਨ ਅਪਲਾਈ ਹੋਏ ਹਨ। ਇਸ ਲਈ ਇਸ ਸਕੀਮ ਤਹਿਤ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਕੋਈ ਵੀ ਯੋਗ ਵਿਦਿਆਰਥੀ ਵਜੀਫੇ ਦੇ ਲਾਭ ਤੋਂ ਵਾਂਝਾ ਨਾ ਰਹਿ ਜਾਵੇ।

ਇਸ ਨੂੰ ਪਰਮ ਅਗੇਤ ਦਿਤੀ ਜਾਵੇ।

ਨੱਥੀ- ਪੱਤਰ।

ਹਸਤਾ 27-10-2025

ਸਹਾਇਕ ਡਾਇਰੈਕਟਰ (ਵਜੀਫਾ)

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ), ਬਠਿੰਡਾ।

ਪਿੱਠ ਅੰਕਣ ਨੰ: ਜੌ-5/1(1)/2025/215 ਮਿਤੀ: 27-10-25

ਉਪਰੋਕਤ ਦਾ ਉਤਾਰਾ ਸਮੂਹ ਸਰਕਾਰੀ/ਪ੍ਰਾਈਵੇਟ ਸਕੂਲਾਂ ਦੇ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। Top class Education in School for OBC, EBC and DNT's ਸਕੀਮ ਅਧੀਨ ਵਿਦਿਆਰਥੀਆਂ ਨੂੰ ਅਪਲਾਈ ਕਰਨ ਦੀ ਮਿਤੀ ਵਿੱਚ ਵਾਧਾ ਕੀਤਾ ਗਿਆ ਹੈ ਜੋ ਨਵੀਂ Schedule ਅਨੁਸਾਰ ਵਿਦਿ: ਨੂੰ ਅਪਲਾਈ ਕੀਤਾ ਜਾਵੇ।

ਜ਼ਿਲ੍ਹਾ ਸਿੱਖਿਆ ਅਫਸਰ (ਸ)
ਬਠਿੰਡਾ
ਹਸਤਾ 27/10/25

Scanned with CamScanner

Scanned with OKEN Scanner

ਡਾਇਰੈਕਟੋਰੇਟ

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ,

ਐਸ.ਸੀ.ਓ. ਨੰ:-7, ਫੇਜ਼-1, ਐਸ.ਏ.ਐਸ. ਨਗਰ।

(ਟੈਲੀਫੋਨ ਨੰ: 0172-2273272)

ਸੇਵਾ ਵਿਖੇ,

ਡਾਇਰੈਕਟਰ,
ਡੀ.ਪੀ.ਆਈ. (ਸੈਕੰਡਰੀ ਸਿੱਖਿਆ), ਐਸ.ਏ.ਐਸ.ਨਗਰ।

ਪੱਤਰ ਨੰ: ਸ-21/ 21200
ਮਿਤੀ, ਐਸ.ਏ.ਐਸ. ਨਗਰ: 26-10-2025

ਵਿਸ਼ਾ : PM YASASVI Top Class Education In School for OBC, EBC and DNTs ਤਹਿਤ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਸਬੰਧੀ।

ਹਵਾਲਾ : ਇਸ ਦਫਤਰ ਦੇ ਪੱਤਰ ਨੰ: ਸ-21/20984 ਮਿਤੀ:17-10-2025 (ਕਾਪੀ ਨੱਥੀ) ਦੀ ਲਗਾਤਾਰਤਾ ਵਿੱਚ।

ਸਾਲ 2025-26 ਲਈ ਭਾਰਤ ਸਰਕਾਰ ਵੱਲੋਂ ਵਿਸ਼ਾ ਅੰਕਿਤ ਸਕੀਮ ਅਧੀਨ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਤੋਂ ਨੈਸ਼ਨਲ ਸਕਾਲਰਸ਼ਿਪ ਪੋਰਟਲ ਤੇ ਆਨ-ਲਾਈਨ ਦਰਖਾਸਤਾਂ ਪ੍ਰਾਪਤ ਕਰਨ ਲਈ ਹੇਠ ਲਿਖੇ ਅਨੁਸਾਰ ਮਿਤੀਆਂ ਵਾਧਾ ਕੀਤਾ ਗਿਆ ਹੈ:

| | | |
|---|---|---|
| Scheme Open from | : | 02-06-2025 |
| Student Application Open till | : | 15-11-2025 |
| Defective Application Verification Open till | : | 25-11-2025 |
| Institute Verification Open till | : | 25-11-2025 |
| DNO/SNO/MNO verification Open till | : | 05-12-2025 |

ਇਸ ਸਕੀਮ ਤਹਿਤ 9ਵੀਂ ਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ 75,000/- ਰੁਪਏ ਅਤੇ 11ਵੀਂ ਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ 1,25,000/- ਰੁਪਏ ਤੱਕ ਵਜੀਫਾ ਦਿੱਤਾ ਜਾਣਾ ਹੈ। ਨੈਸ਼ਨਲ ਸਕਾਲਰਸ਼ਿਪ ਪੋਰਟਲ ਤੋਂ ਪ੍ਰਾਪਤ ਰਿਪੋਰਟ ਅਨੁਸਾਰ ਅੱਜ ਮਿਤੀ ਤੱਕ ਕੇਵਲ 03 ਵਿਦਿਆਰਥੀਆਂ ਵੱਲੋਂ ਹੀ ਅਪਲਾਈ ਕੀਤਾ ਗਿਆ ਹੈ। ਇਸ ਲਈ ਇਸ ਸਕੀਮ ਤਹਿਤ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਤੋਂ ਅਪਲਾਈ ਕਰਵਾਇਆ ਜਾਵੇ।

ਡਿਪਟੀ ਡਾਇਰੈਕਟਰ
ਮੁੱਖ ਦਫ਼ਤਰ, ਐਸ.ਏ.ਐਸ. ਨਗਰ।

ਪਿੱਠ ਅੰਕਣ ਨੰ: ਸ-21/ 21201-203 ਮਿਤੀ, ਐਸ.ਏ.ਐਸ. ਨਗਰ: 26-10-2025

ਉਪਰੋਕਤ ਦਾ ਉਤਾਰਾ ਹੇਠ ਲਿਖੇ ਅਨੁਸਾਰ ਹੈ ਜੀ:-

1. ਪੀ.ਐਸ. ਟੂ ਮਾਨਯੋਗ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਚੰਡੀਗੜ੍ਹ ਜੀ ਨੂੰ ਸੂਚਨਾ ਹਿੱਤ;
2. ਡਾਇਰੈਕਟਰ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ ਜੀ ਨੂੰ ਸੂਚਨਾ ਹਿੱਤ;
3. ਸਮੂਹ ਜਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ, ਪੰਜਾਬ ਰਾਜ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਸਬੰਧਤ ਜਿਲ੍ਹਾ ਸਿੱਖਿਆ ਅਫ਼ਸਰ ਨਾਲ ਰਾਬਤਾ ਕਾਇਮ ਕਰਕੇ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਇਆ ਜਾਵੇ।

ਡਿਪਟੀ ਡਾਇਰੈਕਟਰ
ਮੁੱਖ ਦਫ਼ਤਰ, ਐਸ.ਏ.ਐਸ. ਨਗਰ।

Scanned with CamScanner

Scanned with OKEN Scanner